**ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥ ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥ ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ ॥ ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥ ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥੩॥** {ਪੰਨਾ 917}

ਪਦਅਰਥ:- ਘਰਿ ਤੇਰੈ—ਤੇਰੇ ਘਰ ਵਿਚ। ਤ—ਤਾਂ। ਸਭੁ ਕਿਛੁ—ਹਰੇਕ ਚੀਜ਼। ਦੇਹਿ—ਤੂੰ ਦੇਂਦਾ ਹੈਂ। ਸੁ—ਉਹ ਮਨੁੱਖ। ਪਾਵਏ—ਪਾਵੈ, ਪਾ ਲੈਂਦਾ ਹੈ, ਹਾਸਲ ਕਰਦਾ ਹੈ। ਸਿਫਤਿ ਸਲਾਹ—ਵਡਿਆਈ। ਮਨਿ—ਮਨ ਵਿਚ। ਵਸਾਵਏ—ਵਸਾਵੈ, ਵਸਾਂਦਾ ਹੈ। ਜਿਨ ਕੈ ਮਨਿ—ਜਿਨ੍ਹਾਂ ਦੇ ਮਨ ਵਿਚ। ਵਾਜੇ—ਵੱਜਦੇ ਹਨ। ਸਬਦ—ਸਾਜਾਂ ਦੇ ਆਵਾਜ਼, ਰਾਗਾਂ ਦੀਆਂ ਸੁਰਾਂ। ਘਨੇਰੇ—ਬੇਅੰਤ। ਸਚੇ—ਹੇ ਸਦਾ ਕਾਇਮ ਰਹਿਣ ਵਾਲੇ!

ਅਰਥ:- ਹੇ ਸਦਾ ਕਾਇਮ ਰਹਿਣ ਵਾਲੇ ਮਾਲਕ (-ਪ੍ਰਭੂ)! (ਮੈਂ ਤੇਰੇ ਦਰ ਤੋਂ ਮਨ ਦਾ ਆਨੰਦ ਮੰਗਦਾ ਹਾਂ, ਪਰ) ਤੇਰੇ ਘਰ ਵਿਚ ਕੇਹੜੀ ਚੀਜ਼ ਨਹੀਂ ਹੈ? ਤੇਰੇ ਘਰ ਵਿਚ ਤਾਂ ਹਰੇਕ ਚੀਜ਼ ਮੌਜੂਦ ਹੈ, ਉਹੀ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਨੂੰ ਤੂੰ ਆਪ ਦੇਂਦਾ ਹੈਂ (ਫਿਰ, ਉਹ ਮਨੁੱਖ) ਤੇਰਾ ਨਾਮ ਤੇ ਤੇਰੀ ਸਿਫ਼ਤਿ-ਸਾਲਾਹ (ਆਪਣੇ) ਮਨ ਵਿਚ ਵਸਾਂਦਾ ਹੈ (ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰ ਆਨੰਦ ਪੈਦਾ ਹੋ ਜਾਂਦਾ ਹੈ)। ਜਿਨ੍ਹਾਂ ਬੰਦਿਆਂ ਦੇ ਮਨ ਵਿਚ (ਤੇਰਾ) ਨਾਮ ਵੱਸਦਾ ਹੈ (ਉਹਨਾਂ ਦੇ ਅੰਦਰ, ਮਾਨੋ,) ਬੇਅੰਤ ਸਾਜ਼ਾਂ ਦੀਆਂ (ਮਿਲਵੀਆਂ) ਸੁਰਾਂ ਵੱਜਣ ਲੱਗ ਪੈਂਦੀਆਂ ਹਨ (ਭਾਵ, ਉਹਨਾਂ ਦੇ ਮਨ ਵਿਚ ਉਹ ਖ਼ੁਸ਼ੀ ਤੇ ਚਾਉ ਪੈਦਾ ਹੁੰਦਾ ਹੈ ਜੋ ਕਈ ਸਾਜ਼ਾਂ ਦਾ ਮਿਲਵਾਂ ਰਾਗ ਸੁਣ ਕੇ ਪੈਦਾ ਹੁੰਦਾ ਹੈ)।

ਨਾਨਕ ਆਖਦਾ ਹੈ—ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਤੇਰੇ ਘਰ ਵਿਚ ਕਿਸੇ ਸ਼ੈ ਦਾ ਘਾਟਾ ਨਹੀਂ ਹੈ (ਤੇ, ਮੈਂ ਤੇਰੇ ਦਰ ਤੋਂ ਆਨੰਦ ਦਾ ਦਾਨ ਮੰਗਦਾ ਹਾਂ)।3।

ਭਾਵ:- ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ, ਉਹ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਂਦਾ ਹੈ। ਨਾਮ ਦੀ ਬਰਕਤਿ ਨਾਮ ਮਨੁੱਖ ਦੇ ਅੰਦਰ ਆਤਮਕ ਆਨੰਦ ਪੈਦਾ ਹੋਇਆ ਰਹਿੰਦਾ ਹੈ।